# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-05-2024**

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਏ ਕਿ ਸੂਬੇ ਦੀਆਂ 13 ਲੋਕ ਸਭਾ ਸੀਟਾਂ ਲਈ ਕੁੱਲ 328 ਉਮੀਦਵਾਰ ਚੋਣ ਮੈਦਾਨ ਵਿਚ ਨੇ। ਇਨ੍ਹਾਂ ਵਿੱਚ 302 ਮਰਦ ਤੇ 26 ਮਹਿਲਾ ਉਮੀਦਵਾਰ ਸ਼ਾਮਲ ਨੇ। ਲੁਧਿਆਣਾ ਲੋਕ ਸਭਾ ਸੀਟ ਤੇ ਸਭ ਤੋਂ ਵੱਧ 43 ਉਮੀਦਵਾਰ ਚੋਣ ਮੈਦਾਨ ਵਿੱਚ ਨਿਤਰੇ ਨੇ ਜਦਕਿ ਸਬ ਤੋਂ ਘੱਟ 14 ਉਮੀਦਵਾਰ ਫਤਿਹਗੜ੍ਹ ਸਾਹਿਬ ਰਾਖਵੇਂ ਲੋਕਸਭਾ ਹਲਕੇ ਵਿਚ ਨੇ। ਸਨ 2014 ਦੀਆਂ ਲੋਕ ਸਭਾ ਚੋਣਾਂ ਵਿੱਚ 253 ਅਤੇ ਸਨ 2019 ਵਿੱਚ ਕੁੱਲ 278 ਉਮੀਦਵਾਰਾਂ ਨੇ ਚੋਣ ਲੜੀ ਸੀ। ਨਾਮਜ਼ਦਗੀਆਂ ਵਾਪਸ ਲੈਣ ਦੀ ਕਲ ਆਖ਼ਰੀ ਤਰੀਕ ਤੱਕ ਕੁੱਲ 25 ਉਮੀਦਵਾਰਾਂ ਨੇ ਆਪਣੇ ਨਾਮ ਵਾਪਸ ਲਏ। ਇਸ ਤੋਂ ਪਹਿਲਾਂ 466 ਉਮੀਦਵਾਰਾਂ ਨੇ 598 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ। ਸਿਬਿਨ ਸੀ ਨੇ ਦੱਸਿਆ ਕਿ

ਅੰਮ੍ਰਿਤਸਰ ਤੋਂ 30, ਫਿਰੋਜ਼ਪੁਰ ਤੋਂ 29, ਆਨੰਦਪੁਰ ਸਾਹਿਬ ਤੇ ਫਰੀਦਕੋਟ ਤੋਂ 28 - 28 ,ਖਡੂਰ ਸਾਹਿਬ ਤੋਂ 27, ਪਟਿਆਲਾ ਤੇ ਗੁਰਦਾਸਪੁਰ ਤੋਂ 26 - 26, ਸੰਗਰੂਰ ਤੋਂ 23 , ਜਲੰਧਰ ਤੋਂ 20 , ਬਠਿੰਡਾ ਤੋਂ 18 ਅਤੇ ਹੁਸ਼ਿਆਰਪੁਰ ਤੋਂ 16 ਉਮੀਦਵਾਰ ਚੋਣ ਮੈਦਾਨ ਵਿਚ ਨੇ ।

-----------------------------------------------------

ਹਰਿਆਣਾ ਦੇ ਕੁੰਡਲੀ ਮਾਨੇਸਰ ਪਲਵਲ ਐਕਸਪ੍ਰੈਸਵੇਅ 'ਤੇ ਸ਼ੁੱਕਰਵਾਰ-ਸ਼ਨੀਵਾਰ ਦੀ ਰਾਤ ਨੂੰ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਅੱਗ ਲੱਗਣ ਕਾਰਨ ਅੱਠ ਲੋਕ ਜ਼ਿੰਦਾ ਸੜ ਗਏ । ਮਰਨ ਵਾਲਿਆਂ ਵਿਚ 6 ਵਿਅਕਤੀ ਹੁਸ਼ਿਆਰਪੁਰ ਦੇ ਵਸਨੀਕ ਨੇ । ਇਨ੍ਹਾਂ ਵਿੱਚੋਂ ਤਿੰਨ ਇੱਕ ਹੀ ਪਰਿਵਾਰ ਦੇ ਨੇ । ਇਹ ਸ਼ਰਧਾਲੂ ਮਥੁਰਾ ਅਤੇ ਵ੍ਰਿੰਦਾਵਨ ਦੇ ਦਰਸ਼ਨ ਕਰਕੇ ਵਾਪਸ ਪਰਤ ਰਹੇ ਸਨ । ਸਾਡੇ ਪਤਰਕਾਰ ਸੰਜੀਵ ਬਖਸ਼ੀ ਅਨੁਸਾਰ ਹੁਸ਼ਿਆਰਪੁਰ ਦੇ ਸ਼ਾਲੀਮਾਰ ਨਗਰ ਦਾ ਰਹਿਣ ਵਾਲਾ ਰਾਕੇਸ਼ ਕੁਮਾਰ ਪਿਛਲੇ 20 ਸਾਲਾਂ ਤੋਂ ਹਰ ਸਾਲ ਆਪਣੇ ਦੋਸਤਾਂ ਅਤੇ ਰਿਸ਼ਤੇਦਾਰਾਂ ਨੂੰ ਤੀਰਥ ਯਾਤਰਾ 'ਤੇ ਲੈ ਕੇ ਜਾਂਦਾ ਸੀ । ਇਸ ਹਾਦਸੇ

ਵਿੱਚ ਰਾਕੇਸ਼ ਕੁਮਾਰ ਦੀ ਪਤਨੀ ਅਤੇ ਪੁੱਤਰ ਗੌਤਮ ਦੀ ਵੀ ਮੌਤ ਹੋ ਗਈ।

---------------------------------------------------------------

ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਵੀਜ਼ਨ ਨੇ ਮੁਹਾਲੀ ਵਿੱਚ ਚੱਲ ਰਹੇ ਦੋ ਫਰਜ਼ੀ ਕਾਲ ਸੈਂਟਰਾਂ ਦਾ ਪਰਦਾਫਾਸ਼ ਕਰਦਿਆਂ ਇਹਨਾਂ ਕੇਂਦਰਾਂ ਦੇ 155 ਕਰਮਚਾਰੀਆਂ ਨੂੰ ਅਮਰੀਕਾ ਵਿੱਚ ਰਹਿਣ ਵਾਲੇ ਲੋਕਾਂ ਨੂੰ ਫਰਜ਼ੀ ਕਾਲਾਂ ਕਰਨ ਅਤੇ ਧੋਖਾ ਦੇਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਏ । ਪੰਜਾਬ ਪੁਲਿਸ ਦੇ ਡੀਜੀਪੀ ਗੌਰਵ ਯਾਦਵ ਨੇ ਅੱਜ ਇਹ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਇਹ ਫਰਜ਼ੀ ਕਾਲ ਸੈਂਟਰ ਐਸ. ਏ. ਐਸ. ਨਗਰ ਦੇ ਸੈਕਟਰ 74 ਵਿਖੇ ਦੋ ਅਲੱਗ ਅਲੱਗ ਥਾਂਵਾਂ ਤੋਂ ਕਥਿਤ ਤੌਤ ’ਤੇ ਗੁਜਰਾਤ ਆਧਾਰਿਤ ਸਰਗਨਾ ਵੱਲੋਂ ਚਲਾਏ ਜਾ ਰਹੇ ਸਨ। ਉਨਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਫਰਜ਼ੀ ਕਾਲ ਸੈਂਟਰ ਰਾਤ ਸਮੇਂ ਕੰਮ ਕਰਦੇ ਸਨ ਅਤੇ ਕਾਲ ਕਰ ਕੇ ਤਿੰਨ ਵੱਖ-ਵੱਖ ਢੰਗਾਂ ਰਾਹੀਂ ਵਿਦੇਸ਼ੀ ਨਾਗਰਿਕਾਂ ਨੂੰ ਟਾਰਗੇਟ, ਐਪਲ, ਐਮਾਜ਼ਾਨ ਆਦਿ ਤੋਂ ਗਿਫਟ ਕਾਰਡ ਖਰੀਦਣ ਲਈ ਮਜਬੂਰ ਕਰਕੇ ਠੱਗਦੇ ਸਨ।

--------------------------------------------

ਭਾਰਤੀ ਫੌਜ ਦੀ ਪੱਛਮੀ ਕਮਾਂਡ ਨੇ ਸਰਹੱਦੀ ਖੇਤਰਾਂ ਦੇ ਲੋਕਾਂ ਤੱਕ ਪਹੁੰਚਣ ਦੇ ਆਪਣੇ ਯਤਨਾਂ ਵਿੱਚ ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ-ਕਸ਼ਮੀਰ ਦੇ 15 ਨੌਜਵਾਨ ਯੋਗ ਬੱਚਿਆਂ ਦੀ ਮਿਆਰੀ ਸਿੱਖਿਆ ਨੂੰ ਸਪਾਂਸਰ ਕਰਨ ਦੀ ਪਹਿਲ ਕੀਤੀ ਏ। ਜੰਮੂ-ਕਸ਼ਮੀਰ ਦੇ ਦੂਰ-ਦੁਰਾਡੇ ਦੇ ਪਿੰਡਾਂ ਤੋਂ ਘੱਟ ਆਮਦਨੀ ਵਾਲੇ ਸਮੂਹਾਂ ਦੀਆਂ ਪੰਜ ਕੁੜੀਆਂ ਅਤੇ 10 ਮੁੰਡਿਆਂ ਨੂੰ 6ਵੀਂ ਤੋਂ 8ਵੀਂ ਜਮਾਤ ਵਿੱਚ ਦਾਖਲਾ ਦਿੱਤਾ ਗਿਆ ਏ ਅਤੇ ਉਹ ਆਰਮੀ ਪਬਲਿਕ ਸਕੂਲ ਬਿਆਸ ਵਿੱਚ 12ਵੀਂ ਜਮਾਤ ਤੱਕ ਆਪਣੀ ਪੜ੍ਹਾਈ ਜਾਰੀ ਰੱਖਣਗੇ। ਉਨ੍ਹਾਂ ਦੀ ਪੜ੍ਹਾਈ ਤੇ ਬੋਰਡਿੰਗ ਸਹੂਲਤਾਂ ਪੂਰੀ ਤਰ੍ਹਾਂ ਭਾਰਤੀ ਫੌਜ ਵਲੋਂ ਸਪਾਂਸਰ ਕੀਤੀਆਂ ਜਾ ਰਹੀਆਂ ਨੇ। ਬੱਚਿਆਂ ਦੇ ਮਾਪਿਆਂ ਨੇ ਇਸ ਨੇਕ ਉਪਰਾਲੇ ਰਾਹੀਂ ਆਪਣੇ ਬੱਚਿਆਂ ਨੂੰ ਨਵੀਂ ਜ਼ਿੰਦਗੀ ਪ੍ਰਦਾਨ ਕਰਨ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਮਦਦ ਕਰਨ ਲਈ ਭਾਰਤੀ ਫੌਜ ਦਾ ਤਹਿ ਦਿਲੋਂ ਧੰਨਵਾਦ ਕੀਤਾ ਏ।

--------------------------------------------

ਏਧਰ ਟੂ ਪੰਜਾਬ ਐਨਸੀਸੀ ਬਟਾਲੀਅਨ ਦੇ ਕਮਾਂਡ ਅਧਿਕਾਰੀ ਕਰਨਲ ਵਿਨੋਦ ਜੋਸ਼ੀ ਨੇ ਭਾਰਤੀ ਸੈਨਾ ਵਿੱਚ ਕਮਿਸ਼ਨ ਅਤੇ ਅਗਨੀਵੀਰ ਵਜੋਂ ਭਰਤੀ ਹੋਣ ਸਬੰਧੀ ਆਈ ਵੀ ਵਾਈ ਸਕੂਲ ਵਿਚ ਕੋਈ 650 ਕੈਡਿਟਾਂ ਅਤੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ। ਉਨਾਂ ਦੱਸਿਆ ਕਿ ਭਾਰਤੀ ਸੈਨਾ ਵਿੱਚ 17 ਪ੍ਰਕਾਰ ਦੇ ਕਮਿਸ਼ਨ ਹੁੰਦੇ ਨੇ ਜਿਹੜੇ ਬਾਰਵੀਂ ਕਲਾਸ ਤੋਂ ਪੋਸਟ ਗ੍ਰੈਜੂਏਟ ਤੱਕ ਨੌਜਵਾਨਾਂ ਨੂੰ ਰੁਜ਼ਗਾਰ ਪ੍ਰਾਪਤ ਕਰਨ ਦੇ ਮੌਕੇ ਦਿੰਦੇ ਨੇ। ਉਨਾਂ ਸਕੂਲ ਪਾਠਕ੍ਰਮ ਦੇ ਨਾਲ ਨਾਲ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਵਿਦਿਆਰਥੀਆਂ ਨੂੰ ਉਤਸਾਹਿਤ ਕੀਤਾ। ਕੋਈ ਦੋ ਘੰਟੇ ਦੇ ਆਪਣੇ ਭਾਸ਼ਣ ਵਿੱਚ ਕਰਨਲ ਜੋਸ਼ੀ ਨੇ ਸੈਨਾ ਦੇ ਸਾਹਮਣੇ ਚੁਨੌਤੀਆਂ, ਫਰਜ਼ ਤੇ ਸੈਨਿਕਾਂ ਨੂੰ ਪ੍ਰਾਪਤ ਸੁਵਿਧਾਵਾਂ ਬਾਰੇ ਦੱਸਿਆ ਅਤੇ ਸੈਨਿਕ ਲੀਡਰਸ਼ਿਪ ਦੇ 15 ਗੁਣ ਵਿਦਿਆਰਥੀਆਂ ਨਾਲ ਸਾਂਝਾ ਕੀਤੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਜੀਵ ਚੌਹਾਨ ਸਮੇਤ ਹੋਰ ਅਧਿਆਪਕ ਵੀ ਮੌਜੂਦ ਰਹੇ।

---------------------------------------------------------

ਪੰਜਾਬ ਵਿੱਚ ਗਰਮੀ ਦਾ ਕਹਿਰ ਦਿਨੋਂ ਦਿਨ ਵੱਧ ਰਿਹਾ ਏ। ਮੌਸਮ

ਵਿਭਾਗ ਨੇ ਵੀ ਆਉਂਦੇ ਕੋਈ 4 - 5 ਦਿਨ ਲਈ ਲੂ ਸੰਬੰਧੀ ਯੈਲੋ ਤੇ ਓਰੇਂਜ ਅਲਰਟ ਜਾਰੀ ਕੀਤਾ ਏ। 40 ਡਿਗਰੀ ਤੋਂ ਵੱਧ ਤਾਪਮਾਨ ਹੋਣ ਤੇ ਲੂ ਵਰਗੀ ਸਥਿਤੀ ਬਣ ਜਾਂਦੀ ਏ ਅਤੇ ਸੂਬੇ ਦੇ ਜ਼ਿਆਦਾਤਰ ਸ਼ਹਿਰਾਂ ਦਾ ਤਾਪਮਾਨ ਇਸ ਨਾਲੋਂ ਕਿਤੇ ਵੱਧ ਚੱਲ ਰਿਹਾ ਏ। ਕਲ ਲੁਧਿਆਣਾ ਜ਼ਿਲੇ ਦੇ ਸਮਰਾਲਾ ਵਿਚ ਸਬ ਤੋਂ ਵੱਧ ਤਾਪਮਾਨ 46 ਅਸ਼ਰੀਆ 3 ਡਿਗਰੀ ਸੈਲਸੀਅਸ ਦਰਜ਼ ਕੀਤਾ ਗਿਆ। ਪਠਾਨਕੋਟ ਵਿਚ 45 ਅਸ਼ਰੀਆ 1 ਪਟਿਆਲਾ ਤੇ 44 ਅਸ਼ਰੀਆ 4 , ਫਿਰੋਜ਼ਪੁਰ ਵਿਚ 43 ਅਸ਼ਰੀਆ 8 , ਜਲੰਧਰ ਵਿਚ 43 ਅਸ਼ਰੀਆ 4 ਅਤੇ ਫਰੀਦਕੋਟ ਤੇ ਗੁਰਦਾਸਪੁਰ ਵਿਚ 43 ਡਿਗਰੀ ਸੈਲਸੀਅਸ ਤਾਪਮਾਨ ਦਰਜ਼ ਕੀਤਾ ਗਿਆ। ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਹੀ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਅਤੇ ਜਰੂਰੀ ਹੋਣ ਤੇ ਹੀ ਘਰੋਂ ਬਾਹਰ ਨਿਕਲਣ ਦੀ ਸਲਾਹ ਦਿੱਤੀ ਏ। ਇਸਦੇ ਨਾਲ ਹੀ ਪਾਣੀ ਜਾਂ ਓ ਆਰ ਐਸ ਘੋਲ ਦਾ ਸੇਵਨ ਲਗਾਤਾਰ ਕਰਦੇ ਲਈ ਆਖਿਆ ਗਿਆ ਏ।